**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

# ਝੁੱਗੀ-ਝੌਂਪੜੀ ਵਾਲਿਆਂ ਨੂੰ ਰਾਸ਼ਨ ਦੀ ਸਪਲਾਈ ਕਰਨ ਬਦਲੇ ਕੋਟ ਖਾਲਸਾ ਦੇ ਐਸ.ਐਚ.ਓ. ਦੀ ਮੁੱਖ ਮੰਤਰੀ ਵੱਲੋਂ ਐਵਾਰਡ ਲਈ ਚੋਣ

ਅੰਮ੍ਰਿਤਸਰ, 6 ਅਪ੍ਰੈਲ (          )-ਕੋਵਿਡ-19 ਵਿਰੁੱਧ ਜੰਗ ਵਿੱਚ ਮੂਹਰੀ ਕਤਾਰ 'ਚ ਲੜ ਰਹੇ ਪੁਲੀਸ ਮੁਲਾਜ਼ਮਾਂ ਦਾ ਸਨਮਾਨ ਕਰਨ ਅਤੇ ਉਤਸ਼ਾਹਤ ਵਧਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਡੀ.ਜੀ.ਪੀ. ਨੂੰ ਮੌਜੂਦਾ ਸੰਕਟ ਵਿੱਚ ਆਪਣੀ ਡਿਊਟੀ ਤੋਂ ਅਗਾਂਹ ਵਧ ਕੇ ਵਿਲੱਖਣ ਕੰਮ ਕਰਨ ਵਾਲੇ ਪੁਲਿਸ ਦੇ ਜਵਾਨਾਂ ਲਈ ਨਵਾਂ ਐਵਾਰਡ ਸ਼ੁਰੂ ਕਰਨ ਲਈ ਅਧਿਕਾਰਤ ਕੀਤਾ ਹੈ। ਡੀ.ਜੀ.ਪੀ. ਸ੍ਰੀ ਦਿਨਕਰ ਗੁਪਤਾ ਨੇ ਅੰਮ੍ਰਿਤਸਰ ਦੇ ਕੋਟ ਖਾਲਸਾ ਦੇ ਇੰਸਪੈਕਟਰ ਐਸ.ਐਚ.ਓ. ਸੰਜੀਵ ਕੁਮਾਰ ਨੂੰ ਇਸ ਐਵਾਰਡ ਲਈ ਚੁਣਿਆ ਹੈ, ਜੋ ਸੇਵਾ ਦੀ ਭਾਵਨਾ ਨਾਲ ਗਰੀਬ ਅਤੇ ਭੁੱਖੇ ਲੋਕਾਂ ਨੂੰ ਭੋਜਨ ਛਕਾ ਰਿਹਾ ਹੈ।

ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ ਨੇ ਇਹ ਜਾਣਕਾਰੀ ਦਿੰਦੇ ਦੱਸਿਆ ਕਿ ਮੁੱਖ ਮੰਤਰੀ ਨੇ ਮੌਜੂਦਾ ਤਾਲਾਬੰਦੀ ਦੌਰਾਨ ਸੂਬੇ ਵਿੱਚ ਲੋਕਾਂ ਦੀ ਸਹਾਇਤਾ ਲਈ ਪੰਜਾਬ ਪੁਲੀਸ ਵੱਲੋਂ ਕੀਤੇ ਜਾ ਰਹੇ ਮਿਸਾਲੀ ਕੰਮਾਂ ਦੀ ਰੌਸ਼ਨੀ ਵਿੱਚ ਇਹ ਐਵਾਰਡ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਉਨਾਂ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਸਾਡੇ ਇੰਸਪੈਕਟਰ ਦੀ ਇਸ ਵਕਾਰੀ ਐਵਾਰਡ ਲਈ ਚੋਣ ਕੀਤੀ ਗਈ ਹੈ। ਉਨਾਂ ਦੱਸਿਆ ਕਿ ਪੁਲੀਸ ਜਵਾਨ ਲੋਕਾਂ ਖਾਸ ਕਰਕੇ ਗਰੀਬ, ਬੇਸਹਾਰਿਆਂ, ਬੇਰੋਜ਼ਗਾਰਾਂ ਅਤੇ ਬੇਘਰਿਆਂ ਦੀ ਸਹਾਇਤਾਂ ਲਈ ਮੈਦਾਨ ਵਿੱਚ ਉੱਤਰੇ ਹੋਏ ਹਨ ਅਤੇ ਇੱਥੋਂ ਤੱਕ ਉਹ ਆਪਣੀ ਜੇਬ ਵਿੱਚੋਂ ਵੀ ਖਰਚਾ ਕਰ ਰਹੇ ਹਨ। ਇਨ੍ਹਾਂ ਔਖੇ ਸਮਿਆਂ ਵਿੱਚ ਪੁਲੀਸ ਮੁਲਾਜ਼ਮਾਂ ਵੱਲੋਂ ਸਾਂਝੇ ਅਤੇ ਵਿਅਕਤੀਗਤ ਰੂਪ ਵਿੱਚ ਦਿਹਾੜੀਦਾਰਾਂ ਅਤੇ ਪਰਵਾਸੀ ਮਜ਼ਦੂਰਾਂ ਜਿਨ੍ਹਾਂ ਕੋਲ ਭੋਜਨ ਜਾਂ ਰਹਿਣ ਲਈ ਕੋਈ ਪੈਸਾ ਵੀ ਨਹੀਂ ਹੈ, ਵਾਸਤੇ ਭਾਈਚਾਰੇ ਨੂੰ ਸੰਗਠਿਤ ਕਰਨ ਵਿੱਚ ਅਗਵਾਈ ਕੀਤੀ ਗਈ ਹੈ।

ਕਰਫਿਊ ਕਾਰਨ ਜਦੋਂ ਲੋਕ ਟੀਕਾਕਰਨ, ਡਲਿਵਰੀ ਵਰਗੀਆਂ ਹੰਗਾਮੀ ਸਿਹਤ ਸੇਵਾਵਾਂ ਲਈ ਵੀ ਬਾਹਰ ਨਹੀਂ ਨਿਕਲ ਸਕਦੇ, ਉਸ ਵੇਲੇ ਸਾਰੇ ਰੈਂਕਾਂ ਦੇ ਹਜ਼ਾਰਾਂ ਪੁਲੀਸ ਮੁਲਾਜ਼ਮ ਸਮਾਜਿਕ ਵਰਕਰ ਅਤੇ ਦੇਖਭਾਲ ਕਰਨ ਵਾਲੇ ਬਣੇ ਹੋਏ ਹਨ।

ਪੁਲੀਸ ਦੇ ਜਵਾਨ ਗੈਰ-ਸਰਕਾਰੀ ਸੰਸਥਾਵਾਂ ਅਤੇ ਧਾਰਮਿਕ ਸੰਸਥਾਵਾਂ ਖਾਸ ਕਰਕੇ ਗੁਰਦੁਆਰਾ ਸਾਹਿਬਾਨ ਨਾਲ ਨੇੜਿਓ ਤਾਲਮੇਲ ਕਰ ਰਹੇ ਹਨ ਤਾਂ ਕਿ ਇਨ੍ਹਾਂ ਸਾਰੇ ਲੋਕਾਂ ਦੀ ਸੁਰੱਖਿਆ ਅਤੇ ਦੇਖਭਾਲ ਨੂੰ ਯਕੀਨੀ ਬਣਾਇਆ ਜਾ ਸਕੇ।

=============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਪਿੰਡਾਂ ਦੇ ਲੋਕ ਓਪਰੇ ਬੰਦਿਆਂ ਨੂੰ ਆਮਦ ਰੋਕਣ ਲਈ ਲੱਗੇ ਪਹਿਰੇ ਲਾਉਣ
## ਪਿੰਡਾਂ ਨੇ ਸਵੈ ਇੱਛਾ ਨਾਲ ਕੀਤਾ ਲਾਕਡਾਊਨ
## ਰਾਤ ਦੇ ਸਮੇਂ ਸਰਪੰਚ ਵੀ ਜਾਰੀ ਕਰ ਸਕਦਾ ਹੈ ਕਰਫਿਊ ਪਾਸ

ਅੰਮ੍ਰਿਤਸਰ, 6 ਅਪ੍ਰੈਲ ( )-ਪਿੰਡਾਂ ਦੇ ਲੋਕਾਂ ਨੇ ਸਵੈ-ਇਕਾਂਤਵਾਸ ਦੇ ਜ਼ਰੀਏ ਕਰਫਿਊ ਦੀਆਂ ਸਖਤ ਪਾਬੰਦੀਆਂ ਆਪਣੇ ਉਤੇ ਹੀ ਲਾਗੂ ਕਰਦੇ ਕੋਵਿਡ -19 ਦੇ ਸੰਕਟ ਨਾਲ ਨਜਿੱਠਣ ਦਾ ਰਸਤਾ ਅਖਤਿਆਰ ਕੀਤਾ ਹੈ। ਡੀ ਡੀ ਪੀ ਓ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਇਸ ਨਾਲ ਕੋਵਿਡ -19 ਵਿਰੁੱਧ ਸਰਕਾਰ ਦੀ ਲੜਾਈ ਨੂੰ ਲੋਕਾਂ ਦਾ ਵੱਡਾ ਸਾਥ ਮਿਲਿਆ ਹੈ। ਉਨਾਂ ਦੱਸਿਆ ਕਿ ਅੰਮ੍ਰਿਤਸਰ ਜਿਲ੍ਹੇ ਦੇ 840 ਪਿੰਡਾਂ ਵਿਚੋਂ 250 ਤੋਂ ਵੱਧ ਪਿੰਡਾਂ ਨੇ ਆਪਣੇ ਆਪ ਨੂੰ ਵੱਖ ਕਰ ਲਿਆ ਹੈ, ਜਦਕਿ ਬਾਕੀ ਪਿੰਡਾਂ ਵਿਚ ਇਸ ਕੰਮ ਲਈ ਬੀ ਡੀ ਪੀ ਓਜ਼ ਵੱਲੋਂ ਸਰਪੰਚਾਂ ਨਾਲ ਮਿਲ ਕੇ ਕਮੇਟੀਆਂ ਗਠਿਤ ਕੀਤੀਆਂ ਜਾ ਰਹੀਆਂ ਹਨ। ਉਨਾਂ ਦੱਸਿਆ ਕਿ ਹਾਲ ਹੀ ਵਿੱਚ ਪੰਜਾਬ ਪੁਲਿਸ ਦੁਆਰਾ ਨਿਯੁਕਤ ਕੀਤੇ ਗਏ ਵਿਲੇਜ ਪੁਲਿਸ ਅਫਸਰ ਵੀ ਇਸ ਮੌਕੇ ਪਿੰਡ ਦੇ ਲੋਕਾਂ ਨਾਲ ਅਹਿਮ ਭੂਮਿਕਾ ਨਿਭਾ ਰਹੇ ਹਨ।

ਉਨਾਂ ਦੱਸਿਆ ਕਿ ਪਿੰਡ ਵਾਸੀ ਕਿਸੇ ਵੀ ਓਪਰੇ ਵਿਅਕਤੀ ਦੇ ਪਿੰਡ ਵਿਚ ਦਾਖਲੇ ਨੂੰ ਰੋਕਣ ਲਈ ਬਹੁਤੇ ਥਾਵਾਂ ਉਤੇ ਆਪ ਨਾਕੇ ਲਗਾ ਕੇ ਬੈਠੇ ਹਨ ਅਤੇ ਇਸ ਤੋਂ ਇਲਾਵਾ ਗਸ਼ਤ ਕਰਨ ਵਾਲੀਆਂ ਪੁਲਿਸ ਪਾਰਟੀਆਂ ਦੀ ਸਹਾਇਤਾ ਕਰ ਰਹੇ ਹਨ। ਸਿਰਫ ਉਨ੍ਹਾਂ ਲੋਕਾਂ ਨੂੰ ਪਿੰਡ ਵਿਚ ਦਾਖਲਾ ਦਿੱਤਾ ਜਾ ਰਿਹਾ ਹੈ ਜਿਨ੍ਹਾਂ ਕੋਲ ਕਰਫਿਊ ਪਾਸ ਜਾਂ ਜ਼ਰੂਰੀ ਸੇਵਾਵਾਂ ਦੇਣ ਸਬੰਧੀ ਇਜਾਜ਼ਤ ਹੈ। ਪਿੰਡ ਫਤਿਹਗੜ੍ਹ ਸ਼ੁਕਰਚੱਕ ਦੇ ਸਰਪੰਚ ਪ੍ਰਦੀਪ ਸਿੰਘ ਲਾਡਾ ਨੇ ਦੱਸਿਆ ਕਿ ਅਸੀਂ ਆਪਣੇ ਪਿੰਡ ਲਈ ਕੇਵਲ 2 ਸਬਜੀ ਵਾਲੇ ਅਤੇ ਇਕ ਫਲਾਂ ਵਾਲੀ ਰੇਹੜੀ ਨੂੰ ਪੱਕੇ ਤੌਰ ਉਤੇ ਆਉਣ ਦੀ ਆਗਿਆ ਦਿੱਤੀ ਹੈ। ਉਨਾਂ ਤੋਂ ਇਲਾਵਾ ਕੋਈ ਸਬਜੀ ਜਾਂ ਫਲ ਵੇਚਣ ਵਾਲਾ ਪਿੰਡ ਵਿਚ ਨਹੀਂ ਆਵੇਗਾ। ਉਨਾਂ ਦੱਸਿਆ ਕਿ ਪਿੰਡਾਂ ਵਿਚ ਰਾਤ ਨੂੰ ਹੰਗਾਮੀ ਸਥਿਤੀ ਵਿਚ ਕਰਫਿਊ ਪਾਸ ਜਾਰੀ ਕਰਨ ਲਈ ਸਰਪੰਚਾਂ ਨੂੰ ਵੀ ਅਧਿਕਾਰ ਹੈ, ਇਸ ਲਈ ਕਿਸੇ ਤਰਾਂ ਦੀ ਕੋਈ ਸਮੱਸਿਆ ਨਹੀਂ ਆ ਰਹੀ।

ਡੀ ਡੀ ਪੀ ਓ ਸ੍ਰੀ ਗਿਲ ਨੇ ਦੱਸਿਆ ਕਿ ਇਨ੍ਹਾਂ ਪਿੰਡਾਂ ਵਿਚ ਸਵੈ-ਇਕੱਲਤਾ ਨੂੰ ਯਕੀਨੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਕਮੇਟੀਆਂ ਵਿਚ ਪਿੰਡ ਦੇ ਸਰਪੰਚ, ਪ੍ਰਧਾਨ ਅਤੇ ਵਾਰਡ ਪੰਚ ਸ਼ਾਮਲ ਹਨ, ਵੀਪੀਓਜ਼ ਇਕ ਵਟਸਐਪ ਗਰੁੱਪ ਰਾਹੀਂ ਘਰਾਂ ਨਾਲ ਬਾਕਾਇਦਾ ਸੰਪਰਕ ਵਿਚ ਰਹਿੰਦੇ ਹਨ ਜਿਸ ਵਿਚ ਪਿੰਡ / ਵਾਰਡ ਕਮੇਟੀ ਮੈਂਬਰ ਸ਼ਾਮਲ ਹੁੰਦੇ ਹਨ ।

ਇਨ੍ਹਾਂ ਕਮੇਟੀਆਂ ਨੂੰ ਸਥਾਨਕ ਪੁਲਿਸ ਦੁਆਰਾ ਪਿੰਡਾਂ ਵਿੱਚ ਜ਼ਰੂਰੀ ਵਸਤਾਂ ਜਿਵੇਂ ਕਿ ਦਵਾਈ ਅਤੇ ਭੋਜਨ ਅਤੇ ਨਾਲ ਹੀ ਚਾਰੇ ਅਤੇ ਪਸ਼ੂ ਫੀਡ ਦੀ ਨਿਰੰਤਰ ਸਪਲਾਈ ਨੂੰ ਯਕੀਨੀ ਬਣਾਉਣ ਵਿੱਚ ਸਹਾਇਤਾ ਦਿੱਤੀ ਜਾਂਦੀ ਹੈ। ਪਸ਼ੂਆਂ ਦੇ ਡਾਕਟਰਾਂ ਨੂੰ ਇਨ੍ਹਾਂ ਸਵੈ-ਇਕਾਂਤਵਾਸ ਪਿੰਡਾਂ ਵਿਚ ਜਾਣ ਦੀ ਆਗਿਆ ਹੈ। ਵੇਰਕਾ ਅਤੇ ਹੋਰਨਾਂ ਵੱਲੋਂ ਪਿੰਡਾਂ 'ਚੋਂ ਦੁੱਧ ਦੀ ਚੁਕਾਈ ਦੀ ਵੀ ਸਹੂਲਤ ਦਿੱਤੀ ਜਾ ਰਹੀ ਹੈ ਜਦੋਂ ਕਿ ਗੰਭੀਰ ਬਿਮਾਰ ਹੋਣ ਅਤੇ ਹੋਰ ਮੈਡੀਕਲ ਐਮਰਜੈਂਸੀਆਂ ਲਈ ਮੰਗ ਅਨੁਸਾਰ ਪੀਐਸ ਅਤੇ ਪੀਪੀ ਪੱਧਰ 'ਤੇ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ।

=============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਪੰਜਾਬ ਯੂਥ ਵਿਕਾਸ ਬੋਰਡ ਦੇ ਮੈਂਬਰ ਦੇ ਮੈਂਬਰ ਕਰ ਰਹੇ ਹਨ ਲੋੜਵੰਦਾਂ ਦੀ ਮਦਦ

## ਲੋਕ ਬਿਨਾਂ ਵਜ੍ਹਾ ਘਰਾਂ ਵਿਚੋਂ ਨਿਕਲ ਕੇ ਆਪਣੇ ਪਰਿਵਾਰ ਨੂੰ ਸੰਕਟ ਵਿਚ ਨਾ ਪਾਉਣ-ਡਾ. ਆਂਚਲ ਅਰੋੜਾ

ਅੰਮ੍ਰਿਤਸਰ, 6 ਅਪ੍ਰੈਲ ( )-ਕਰਫਿਊ ਦੇ ਸਮੇਂ ਜਿਲ੍ਹਾ ਪ੍ਰਸ਼ਾਸਨ ਦੇ ਨਾਲ-ਨਾਲ ਸਮਾਜ ਸੇਵੀ ਸੰਸਥਾਵਾਂ ਤੇ ਪੰਜਾਬ ਯੂਥ ਵਿਕਾਸ ਬੋਰਡ ਦੇ ਮੈਂਬਰਾਂ ਵੱਲੋਂ ਲੋੜਵੰਦਾਂ ਤੱਕ ਨਿਤ ਵਰਤੋਂ ਦੀਆਂ ਵਸਤਾਂ ਪੁੱਜਦੀਆਂ ਕੀਤੀਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਦੀ ਅਗਵਾਈ ਹੇਠ ਕੀਤੀ ਯੋਜਨਾਬੰਦੀ ਸਦਕਾ ਰੋਜ਼ਾਨਾ ਵਰਤੋਂ ਵਿਚ ਆਉਣ ਵਾਲੀਆਂ ਵਸਤੂਆਂ ਘਰਾਂ ਅੱਗੇ ਪਹੁੰਚ ਰਹੀਆਂ ਹਨ, ਪਰ ਫਿਰ ਵੀ ਸਾਨੂੰ ਖਰੀਦਦਾਰੀ ਕਰਨ ਮੌਕੇ ਜਿੱਥੇ ਸਰੀਰਕ ਦੂਰੀ ਦਾ ਧਿਆਨ ਰੱਖਣਾ ਚਾਹੀਦਾ ਹੈ, ਉਥੇ ਸਾਵਧਾਨੀ ਵਜੋਂ ਪਰਿਵਾਰ ਦੇ ਇਕ ਮੈਂਬਰ ਨੂੰ ਹੀ ਘਰੋਂ ਬਾਹਰ ਨਿਕਲਣਾ ਚਾਹੀਦਾ ਹੈ। ਉਕਤ ਸਬਦਾਂ ਦਾ ਪ੍ਰਗਟਾਵਾ ਪੰਜਾਬ ਯੂਥ ਵਿਕਾਸ ਬੋਰਡ ਦੇ ਡਾਇਰੈਕਟਰ ਡਾ. ਆਂਚਲ ਅਰੋੜਾ ਨੇ ਵਾਰਡ ਨੰਬਰ 28 ਵਿਚ ਲੋੜਵੰਦਾਂ ਤੱਕ ਵਸਤਾਂ ਦੇਣ ਦੇ ਨਾਲ-ਨਾਲ ਲੋਕਾਂ ਨੂੰ ਅਪੀਲ ਕਰਦੇ ਕੀਤਾ। ਉਨਾਂ ਕਿਹਾ ਕਿ ਪਰਿਵਾਰਕ ਮੈਂਬਰ ਵੀ ਖੰਘਦੇ ਸਮੇਂ ਮੂੰਹ ਰੁਮਾਲ ਜਾਂ ਟਿਸ਼ੂ ਨਾਲ ਢੱਕਣਾ ਯਕੀਨੀ ਬਨਾਉਣ। ਇਸ ਤੋਂ ਇਲਾਵਾ ਘਰਾਂ ਵਿਚ ਆਉਂਦੇ ਦੁੱਧ ਦੇ ਪੈਕਟ, ਭਾਂਡੇ, ਦਰਵਾਜੇ ਦੀ ਘੰਟੀ, ਕੂੜੇਦਾਨ, ਝੂਲੇ, ਕੱਚੀਆਂ ਸਬਜੀਆਂ ਤੇ ਫਲ, ਦਰਵਾਜਿਆਂ ਦੀਆਂ ਚਿਟਕਣੀਆਂ, ਬੂਟ ਤੇ ਚੱਪਲਾਂ ਆਦਿ ਨੂੰ ਵੀ ਸਮੇਂ-ਸਮੇਂ ਸਿਰ ਸੈਨੇਟਾਇਜ਼ ਕਰਦੇ ਰਹੋ।

ਉਨਾਂ ਕਿਹਾ ਕਿ ਇਸ ਤੋਂ ਇਲਾਵਾ ਦਿਨ ਵਿਚ ਵੱਧ ਤੋਂ ਵੱਧ ਵਾਰ ਆਪਣੇ ਹੱਥ ਸਾਬਣ ਜਾਂ ਅਲਕੋਹਲ ਯੁਕਤ ਸੈਨੇਟਾਇਜ਼ਰ ਨਾਲ 20 ਸੈਕਿੰਡ ਲਈ ਧੋਵੋ, ਤਾਂ ਜੋ ਵਾਇਰਸ ਤੁਹਾਡੇ ਸਰੀਰ ਵਿਚ ਨਾ ਜਾ ਸਕੇ। ਡਾ. ਅਰੋੜਾ ਨੇ ਦੱਸਿਆ ਕਿ ਇਸ ਮੌਕੇ ਕੌਂਸਲਰ ਸ. ਜਤਿੰਦਰ ਸਿੰਘ ਭਾਟੀਆ ਦੀ ਸਹਾਇਤਾ ਨਾਲ ਲੋੜਵੰਦਾਂ ਤੱਕ ਪਹੁੰਚ ਕਰਕੇ ਸੁੱਕਾ ਰਾਸ਼ਨ ਭੇਜਿਆ ਗਿਆ।

==========

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਸਿਵਲ ਸਰਜਨ ਵੱਲੋਂ ਲੋਕਾਂ ਨੂੰ ਸਮਾਜਿਕ ਦੂਰੀ ਬਣਾ ਕੇ ਰੱਖਣ ਦੀ ਅਪੀਲ

ਅੰਮ੍ਰਿਤਸਰ, 6 ਅਪ੍ਰੈਲ ( ) ਕਰੋਨਾ ਵਾਇਰਸ ਦੇ ਬਚਾਅ ਦੇ ਮੱਦੇਨਜ਼ਰ ਜਿਲੇ ਅੰਦਰ ਕਰਫਿਊ ਲਗਾਇਆ ਹੈ ਅਤੇ ਇਸ ਦੋਰਾਨ ਲੋਕਾਂ ਨੂੰ ਘਰਾਂ ਵਿਚ ਰਹਿਣ ਨੂੰ ਅਪੀਲ ਕੀਤੀ ਗਈ ਹੈ। ਇਸ ਦੇ ਬਾਵਜੂਦ ਵੀ ਕਈ ਲੋਕਾਂ ਨੂੰ ਜ਼ਰੂਰੀ ਕੰਮਾਂ ਲਈ ਘਰੋਂ ਬਾਹਰ ਜਾਣਾ ਪੈਂਦਾ ਹੈ, ਜਿੰਨਾ ਦੇ ਕਰਫਿਊ ਪਾਸ ਪ੍ਰਸ਼ਾਸ਼ਨ ਵੱਲੋਂ ਜਾਰੀ ਕੀਤੇ ਗਏ ਹਨ। ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਨੇ ਅਜਿਹੇ ਲੋਕ ਜੋ ਕਿ ਕਿਸੇ ਘਰੇਲੂ ਕੰਮ ਜਾਂ ਡਿਊਟੀ ਲਈ ਘਰੋਂ ਨਿਕਲਦੇ ਹਨ, ਨੂੰ ਅਪੀਲ ਕੀਤੀ ਹੈ ਕਿ ਉਹ ਕੰਮਕਾਰ ਕਰਦੇ ਵਕਤ ਵੀ ਆਪਸੀ ਦੂਰੀ ਹਰ ਹਾਲਤ ਵਿਚ ਬਣਾਈ ਰੱਖਣ। ਉਨਾਂ ਕਿਹਾ ਕਿ ਲੋਕਾਂ ਨੂੰ ਰਾਸ਼ਨ ਵੰਡਣ ਸਮੇਂ ਜਾਂ ਲੰਗਰ ਵਰਤਾਉਣ ਸਮੇਂ ਆਪਸੀ ਦੂਰੀ ਜ਼ਰੂਰ ਬਣਾਈ ਜਾਵੇ, ਤਾਂ ਜੋ ਕਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

ਡਾਕਟਰ ਜੌਹਲ ਨੇ ਅੱਗੇ ਦੱਸਿਆ ਕਿ ਸਬਜ਼ੀਆਂ ਮੰਡੀਆਂ ਵਿਚ ਆੜਤੀਏ ਅਤੇ ਦੁਕਾਨਾਦਰਾਂ ਨੂੰ ਸਮਾਜਿਕ ਦੂਰੀ ਬਣਾ ਕੇ ਖਰੀਦੋ ਫਰੋਕਤ ਕਰਨ ਦੀ ਹਦਾਇਤ ਕੀਤੀ ਗਈ ਹੈ ਅਤੇ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ। ਉਨਾਂ ਦੱਸਿਆ ਕਿ ਕਰਿਆਨੇ ਅਤੇ ਮੈਡੀਕਲ ਸਟੋਰਾਂ ਵਾਲੇ ਵੀ ਸਮਾਜਿਕ ਦੂਰੀ ਦੀ ਪਾਲਣਾ ਕਰਨ ਅਤੇ ਕਰੋਨਾ ਵਾਇਰਸ ਦੇ ਬਚਾਅ ਲਈ ਲਗਾ ਕਰਫਿਊ ਦੀ ਹਦਾਇਤਾਂ ਦੀ ਪਾਲਣਾ ਕਰਨ।

ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਘਰ ਰਹੋ ਸੁਰੱਖਿਅਤ ਰਹੋ ਅਤੇ ਸਿਹਤ ਵਿਭਾਗ ਵਲੋਂ ਦਿੱਤੀਆਂ ਹਦਾਇਤਾਂ ਕਿ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਵੋ, ਮੂੰਹ ਢੱਕ ਕੇ ਰੱਖੋ, ਖੰਘ ਜਾਂ ਜ਼ੁਕਾਮ ਵੇਲੇ ਰੁਮਾਲ ਜਾਂ ਟਿਸ਼ੂ ਪੇਪਰ ਦੀ ਵਰਤੋਂ ਕਰੋ ਆਦਿ ਨੂੰ ਹਰ ਹਾਲਤ ਵਿਚ ਆਪਣੇ ਆਪ ਉਤੇ ਲਾਗੂ ਕੀਤਾ ਜਾਵੇ।